**ਪ੍ਰਭਾਤੀ ਮਹਲਾ ੪ ॥ ਉਗਵੈ ਸੂਰੁ ਗੁਰਮੁਖਿ ਹਰਿ ਬੋਲਹਿ ਸਭ ਰੈਨਿ ਸਮ੍ਾਲਹਿ ਹਰਿ ਗਾਲ ॥ ਹਮਰੈ ਪ੍ਰਭਿ ਹਮ ਲੋਚ ਲਗਾਈ ਹਮ ਕਰਹ ਪ੍ਰਭੂ ਹਰਿ ਭਾਲ ॥ ੧॥ ਮੇਰਾ ਮਨੁ ਸਾਧੂ ਧੂਰਿ ਰਵਾਲ ॥ ਹਰਿ ਹਰਿ ਨਾਮੁ ਦ੍ਰਿੜਾਇਓ ਗੁਰਿ ਮੀਠਾ ਗੁਰ ਪਗ ਝਾਰਹ ਹਮ ਬਾਲ ॥੧॥ ਰਹਾਉ ॥ ਸਾਕਤ ਕਉ ਦਿਨੁ ਰੈਨਿ ਅੰਧਾਰੀ ਮੋਹਿ ਫਾਥੇ ਮਾਇਆ ਜਾਲ ॥ ਖਿਨੁ ਪਲੁ ਹਰਿ ਪ੍ਰਭੁ ਰਿਦੈ ਨ ਵਸਿਓ ਰਿਨਿ ਬਾਧੇ ਬਹੁ ਬਿਧਿ ਬਾਲ ॥੨॥ ਸਤਸੰਗਤਿ ਮਿਲਿ ਮਤਿ ਬੁਧਿ ਪਾਈ ਹਉ ਛੂਟੇ ਮਮਤਾ ਜਾਲ ॥ ਹਰਿ ਨਾਮਾ ਹਰਿ ਮੀਠ ਲਗਾਨਾ ਗੁਰਿ ਕੀਏ ਸਬਦਿ ਨਿਹਾਲ ॥ ੩॥ ਹਮ ਬਾਰਿਕ ਗੁਰ ਅਗਮ ਗੁਸਾਈ ਗੁਰ ਕਰਿ ਕਿਰਪਾ ਪ੍ਰਤਿਪਾਲ ॥ ਬਿਖੁ ਭਉਜਲ ਡੁਬਦੇ ਕਾਢਿ ਲੇਹੁ ਪ੍ਰਭ ਗੁਰ ਨਾਨਕ ਬਾਲ ਗੁਪਾਲ ॥ ੪॥੨॥**

{ਪੰਨਾ 1335}

ਪਦ ਅਰਥ:- ਸੂਰੁ—ਸੂਰਜ। ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ। ਬੋਲਹਿ—ਬੋਲਦੇ ਹਨ। ਰੈਨਿ—ਰਾਤ। ਸਮ੍ਾਲਹਿ—ਸੰਭਾਲਦੇ ਹਨ, ਚੇਤੇ ਕਰਦੇ ਹਨ। ਹਰਿ ਗਾਲ—ਹਰੀ ਦੀਆਂ (ਸਿਫ਼ਤਿ-ਸਾਲਾਹ ਦੀਆਂ) ਗੱਲਾਂ। ਹਮਰੈ ਪ੍ਰਭਿ—ਅਸਾਡੇ ਪ੍ਰਭੂ ਨੇ, ਮੇਰੇ ਪ੍ਰਭੂ ਨੇ। ਲੋਚ—ਤਾਂਘ। ਹਮ—ਮੈਨੂੰ, ਅਸਾਨੂੰ। ਹਮ ਕਰਹ—ਅਸੀਂ ਕਰਦੇ ਹਾਂ, ਮੈਂ ਕਰਦਾ ਹਾਂ। ਭਾਲ—ਢੂੰਢ।1।

ਸਾਧੂ—ਗੁਰੂ। ਰਵਾਲ—ਚਰਨ-ਧੂੜ। ਦ੍ਰਿੜਾਇਓ—ਹਿਰਦੇ ਵਿਚ ਪੱਕਾ ਕੀਤਾ ਹੈ। ਗੁਰਿ—ਗੁਰੂ ਨੇ। ਗੁਰ ਪਗ—ਗੁਰੂ ਦੇ ਪੈਰ। ਝਾਰਹ ਹਮ—ਅਸੀਂ ਝਾੜਦੇ ਹਾਂ। ਬਾਲ—ਕੇਸਾਂ ਨਾਲ।1। ਰਹਾਉ।

ਸਾਕਤ ਕਉ—ਸਾਕਤਾਂ ਨੂੰ, ਪ੍ਰਭੂ ਤੋਂ ਟੁੱਟੇ ਹੋਏ ਬੰਦਿਆਂ ਨੂੰ। ਅੰਧਾਰੀ—ਹਨੇਰੀ। ਮੋਹਿ—ਮੋਹ ਵਿਚ। ਜਾਲ—ਫਾਹੀਆਂ। ਰਿਦੈ—ਹਿਰਦੇ ਵਿਚ। ਰਿਨਿ—ਕਰਜ਼ੇ ਨਾਲ (ਰਿਨ—ਕਰਜ਼ਾ)। ਬਾਲ ਬਾਧੇ—ਵਾਲ ਵਾਲ ਬੱਝੇ ਰਹਿੰਦੇ ਹਨ।2।

ਮਿਲਿ—ਮਿਲ ਕੇ। ਹਉ—ਹਉਮੈ। ਮਮਤਾ ਜਾਲ—ਅਪਣੱਤ ਦੀਆਂ ਫਾਹੀਆਂ। ਗੁਰਿ—ਗੁਰੂ ਨੇ। ਸਬਦਿ—ਸ਼ਬਦ ਦੀ ਰਾਹੀਂ। ਨਿਹਾਲ—ਪ੍ਰਸੰਨ, ਸ਼ਾਂਤ।3।

ਹਮ—ਅਸੀਂ ਜੀਵ। ਬਾਰਿਕ—ਬੱਚੇ। ਗੁਰ—ਵੱਡਾ। ਅਗਮ—ਅਪਹੁੰਚ। ਗੁਸਾਈ—ਧਰਤੀ ਦਾ ਖਸਮ (ਗੋ—ਧਰਤੀ। ਸਾਂਈ—ਖਸਮ)। ਗੁਰ—ਹੇ ਗੁਰੂ! ਪ੍ਰਤਿਪਾਲ—ਰੱਖਿਆ ਕਰ। ਬਿਖੁ—ਆਤਮਕ ਮੌਤ ਲਿਆਉਣ ਵਾਲੀ ਜ਼ਹਿਰ। ਭਉਜਲ—ਸੰਸਾਰ-ਸਮੁੰਦਰ। ਪ੍ਰਭ—ਹੇ ਪ੍ਰਭੂ! ਗੁਪਾਲ—ਹੇ ਗੁਪਾਲ! ਹੇ ਸ੍ਰਿਸ਼ਟੀ ਦੇ ਰਾਖੇ!।4।

ਅਰਥ:- ਹੇ ਭਾਈ! ਗੁਰੂ ਨੇ ਪਰਮਾਤਮਾ ਦਾ ਮਿੱਠਾ ਨਾਮ ਮੇਰੇ ਹਿਰਦੇ ਵਿਚ ਪੱਕਾ ਕਰ ਦਿੱਤਾ ਹੈ। ਮੈਂ (ਆਪਣੇ) ਕੇਸਾਂ ਨਾਲ ਗੁਰੂ ਦੇ ਚਰਨ ਝਾੜਦਾ ਹਾਂ। ਮੇਰਾ ਮਨ ਗੁਰੂ ਦੇ ਚਰਨਾਂ ਦੀ ਧੂੜ ਹੋਇਆ ਰਹਿੰਦਾ ਹੈ।1। ਰਹਾਉ।

ਹੇ ਭਾਈ! (ਜਦੋਂ) ਸੂਰਜ ਚੜ੍ਹਦਾ ਹੈ ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਪਰਮਾਤਮਾ ਦਾ ਨਾਮ ਜਪਣ ਲੱਗ ਪੈਂਦੇ ਹਨ, ਸਾਰੀ ਰਾਤ ਭੀ ਉਹ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀਆਂ ਗੱਲਾਂ ਹੀ ਕਰਦੇ ਹਨ। ਮੇਰੇ ਪ੍ਰਭੂ ਨੇ ਮੇਰੇ ਅੰਦਰ ਭੀ ਇਹ ਲਗਨ ਪੈਦਾ ਕਰ ਦਿੱਤੀ ਹੈ, (ਇਸ ਵਾਸਤੇ) ਮੈਂ ਭੀ ਪ੍ਰਭੂ ਦੀ ਢੂੰਢ ਕਰਦਾ ਰਹਿੰਦਾ ਹਾਂ।1।

ਹੇ ਭਾਈ! ਪਰਮਾਤਮਾ ਨਾਲੋਂ ਟੁੱਟੇ ਹੋਏ ਮਨੁੱਖਾਂ ਵਾਸਤੇ (ਸਾਰਾ) ਦਿਨ (ਸਾਰੀ) ਰਾਤ ਘੁੱਪ ਹਨੇਰਾ ਹੁੰਦੀ ਹੈ, (ਕਿਉਂਕਿ ਉਹ) ਮਾਇਆ ਦੇ ਮੋਹ ਵਿਚ, ਮਾਇਆ (ਦੇ ਮੋਹ) ਦੀਆਂ ਫਾਹੀਆਂ ਵਿਚ ਫਸੇ ਰਹਿੰਦੇ ਹਨ। ਉਹਨਾਂ ਦੇ ਹਿਰਦੇ ਵਿਚ ਪਰਮਾਤਮਾ ਇਕ ਖਿਨ ਭਰ ਭੀ ਇਕ ਪਲ ਭਰ ਭੀ ਨਹੀਂ ਵੱਸਦਾ। ਉਹ ਕਈ ਤਰੀਕਿਆਂ ਨਾਲ (ਵਿਕਾਰਾਂ ਦੇ) ਕਰਜ਼ੇ ਵਿਚ ਵਾਲ ਵਾਲ ਬੱਝੇ ਰਹਿੰਦੇ ਹਨ।2।

ਹੇ ਭਾਈ! ਜਿਨ੍ਹਾਂ ਮਨੁੱਖਾਂ ਨੇ ਸਾਧ ਸੰਗਤਿ ਵਿਚ ਮਿਲ ਕੇ (ਉੱਚੀ) ਮਤਿ (ਉੱਚੀ) ਅਕਲ ਪ੍ਰਾਪਤ ਕਰ ਲਈ,

(ਉਹਨਾਂ ਦੇ ਅੰਦਰੋਂ) ਹਉਮੈ ਮੁੱਕ ਜਾਂਦੀ ਹੈ, ਮਾਇਆ ਦੇ ਮੋਹ ਦੀਆਂ ਫਾਹੀਆਂ ਟੁੱਟ ਜਾਂਦੀਆਂ ਹਨ। ਉਹਨਾਂ ਨੂੰ ਪ੍ਰਭੂ ਦਾ ਨਾਮ ਪਿਆਰਾ ਲੱਗਣ ਲੱਗ ਪੈਂਦਾ ਹੈ। ਗੁਰੂ ਨੇ (ਉਹਨਾਂ ਨੂੰ ਆਪਣੇ) ਸ਼ਬਦ ਦੀ ਬਰਕਤਿ ਨਾਲ ਨਿਹਾਲ ਕਰ ਦਿੱਤਾ ਹੁੰਦਾ ਹੈ।3।

ਹੇ ਗੁਰੂ! ਹੇ ਅਪਹੁੰਚ ਮਾਲਕ! ਅਸੀਂ ਜੀਵ ਤੇਰੇ (ਅੰਞਾਣ) ਬੱਚੇ ਹਾਂ। ਹੇ ਗੁਰੂ ਮਿਹਰ ਕਰ, ਸਾਡੀ ਰੱਖਿਆ ਕਰ। ਹੇ ਨਾਨਕ! (ਆਖ—) ਹੇ ਗੁਰੂ! ਹੇ ਪ੍ਰਭੂ! ਹੇ ਧਰਤੀ ਦੇ ਰਾਖੇ! ਅਸੀਂ ਤੇਰੇ (ਅੰਞਾਣ) ਬੱਚੇ ਹਾਂ, ਆਤਮਕ ਮੌਤ ਲਿਆਉਣ ਵਾਲੀ ਮਾਇਆ ਦੇ ਮੋਹ ਦੇ ਸਮੁੰਦਰ ਵਿਚ ਡੁੱਬਦਿਆਂ ਨੂੰ ਸਾਨੂੰ ਬਚਾ ਲੈ।4।2।